**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ), ਪੰਜਾਬ, ਐਸ.ਏ.ਐਸ. ਨਗਰ।**
**(ਕੋਆਰਡੀਨੇਸ਼ਨ ਸ਼ਾਖਾ)**

ਸੇਵਾ ਵਿਖੇ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ./ਐ.ਸਿ.)
ਪੰਜਾਬ। (ਵੈਬਸਾਈਟ ਰਾਹੀਂ)

ਮੀਮੋ ਨੰ: 15/61-2017 ਕੋ ਸ਼ਾਖਾ (1)/81
ਮਿਤੀ: 01.03.2018

**ਵਿਸ਼ਾ:** **ਏ.ਸੀ.ਪੀ./ਕੰਨਫਰਮੇਸ਼ਨ/ਪਰਖ ਕਾਲ ਕੇਸਾਂ ਦੇ ਨਿਪਟਾਰੇ ਲਈ ਡੈਲੀਗੇਟ ਪਾਵਰਾਂ ਦੇ ਸਮਾਂ ਸੀਮਾ ਵਿੱਚ ਵਾਧਾ ਕਰਨ ਸਬੰਧੀ।**

ਹਵਾਲਾ: ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ), ਪੰਜਾਬ ਦਾ ਪੱਤਰ ਨੰ: 15/61-2017 ਕੋ ਸ਼ਾਖਾ (1)/758 ਮਿਤੀ 28.12.2017.

ਮਾਨਯੋਗ ਸਕੱਤਰ ਸਕੂਲ ਸਿੱਖਿਆ ਜੀ ਵੱਲੋਂ ਦਿੱਤੇ ਗਏ ਆਦੇਸ਼ਾਂ ਅਨੁਸਾਰ ਅਧਿਕਾਰੀਆਂ/ ਕਰਮਚਾਰੀਆਂ ਦੀ ਏ.ਸੀ.ਪੀ./ਕੰਨਫਰਮੇਸ਼ਨ/ਪਰਖ ਕਾਲ ਸਮਾਂ ਸਬੰਧੀ ਲੰਬਿਤ ਕੇਸਾਂ ਦੇ ਨਿਪਟਾਰੇ ਲਈ ਨਿਯੁਕਤੀ ਅਧਿਕਾਰੀ ਦੀਆਂ ਪਾਵਰਾਂ (Powers) ਸਕੂਲਾਂ ਦੇ ਪ੍ਰਿੰਸੀਪਲ/ਮੁੱਖ ਅਧਿਆਪਕ, ਜਿਲ੍ਹਾ ਸਿੱਖਿਆ ਅਧਿਕਾਰੀ, ਬਲਾਕ ਸਿੱਖਿਆ ਅਧਿਕਾਰੀ, ਜਿਨ੍ਹਾ ਦੇ ਦਫਤਰ ਵਿੱਚ ਕਰਮਚਾਰੀ ਦੀ ਸੇਵਾ ਪੱਤਰੀ/ਸੇਵਾ ਰਿਕਾਰਡ ਮੌਜੂਦ ਨੂੰ ਮਿਤੀ 31.10.2017 ਤੱਕ ਡੈਲੀਗੇਟ ਕੀਤੀਆਂ ਗਈਆਂ ਸਨ। ਇਸ ਉਪਰੰਤ ਕੇਸ ਦੇ ਨਿਪਟਾਰੇ ਲਈ ਇਨ੍ਹਾਂ ਪਾਵਰਾਂ ਵਿੱਚ ਮਿਤੀ 31.01.2018 ਤੱਕ ਵਾਧਾ ਕੀਤਾ ਗਿਆ ਸੀ। ਹੁਣ ਮਾਨਯੋਗ ਸਕੱਤਰ ਸਕੂਲ ਸਿੱਖਿਆ ਜੀ ਵੱਲੋਂ ਇਹ ਪਾਵਰਾਂ ਅਗਲੇ ਹੁਕਮਾਂ ਤੱਕ ਸਬੰਧਤ ਜਿਲ੍ਹਾ ਸਿੱਖਿਆ ਅਫਸਰਾਂ ਨੂੰ ਡੈਲੀਗੇਟ ਕਰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਇਨ੍ਹਾਂ ਕੇਸਾਂ ਦਾ ਨਿਪਟਾਰਾ ਤੁਰੰਤ ਕਰਨਾ ਯਕੀਨੀ ਬਣਾਇਆ ਜਾਵੇ।

ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ)
ਪੰਜਾਬ

ਪਿੱਠ ਅੰਕਣ ਨੰ: ਉਕਤ ਮਿਤੀ: 01.03.2018

ਉਪਰੋਕਤ ਦਾ ਇੱਕ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਪੀ.ਏ./ਸਕੱਤਰ ਸਕੂਲ ਸਿੱਖਿਆ ਜੀ
2. ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
3. ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਐ.ਸਿ.), ਪੰਜਾਬ।
4. ਡਾਇਰੈਕਟਰ, ਐਸ.ਸੀ.ਈ.ਆਰ.ਟੀ., ਪੰਜਾਬ।
5. ਸਮੂਹ ਸ਼ਾਖਾ ਅਧਿਕਾਰੀ, ਦਫਤਰ ਡੀ.ਪੀ.ਆਈ. (ਸੈਸਿ), ਪੰਜਾਬ।

ਡਾਇਰੈਕਟਰ ਸਿੱਖਿਆ ਵਿਭਾਗ (ਸੈਸਿ)
ਪੰਜਾਬ